# ਮਾਹਰਾਂ ਦਾ ਦਾਅਵਾ, ਭੂਚਾਲ ਤੋਂ ਬਾਅਦ 5-6 ਮੀਟਰ ਪੱਛਮ ਵੱਲ ਖਿਸਕਿਆ ਤੁਰਕੀ

ਅੰਕਾਰਾ, 8 ਫਰਵਰੀ (ਪੋਸਟ ਬਿਊਰੋ) – ਤੁਰਕੀ ਅਤੇ ਸੀਰੀਆ ’ਚ ਭੂਚਾਲ ਤੋਂ ਬਾਅਦ ਦੋਵਾਂ ਦੇਸ਼ਾਂ ’ਚ ਹਾਲਾਤ ਖਰਾਬ ਹੋ ਗਏ ਹਨ। ਹੁਣ ਤੱਕ 11,200 ਤੋਂ ਵੱਧ ਲੋਕਾਂ ਦੀ ਮੌਤ ਹੋ ਚੁੱਕੀ ਹੈ। ਬਚਾਅ ਕਾਰਜ ਜਾਰੀ ਹੈ। ਇਸ ਦੌਰਾਨ ਮਾਹਿਰਾਂ ਨੇ ਵੱਡਾ ਦਾਅਵਾ ਕੀਤਾ ਹੈ। ਮਾਹਿਰਾਂ ਦਾ ਕਹਿਣਾ ਹੈ ਕਿ ਤੁਰਕੀ ਵਿਚ ਸੋਮਵਾਰ ਨੂੰ ਆਏ ਸ਼ਕਤੀਸਾਲੀ ਭੂਚਾਲ ਨੇ ਟੈਕਟੋਨਿਕ ਪਲੇਟਾਂ ਨੂੰ 5-6 ਮੀਟਰ ਤੱਕ ਸ਼ਿਫਟ ਕਰ ਦਿੱਤਾ ਹੈ। ਇਟਲੀ ਦੇ ਭੂਚਾਲ ਵਿਗਿਆਨੀ ਡਾਕਟਰ ਕਾਰਲੋ ਡੋਗਲਿਓਨੀ ਨੇ ਦੱਸਿਆ ਕਿ ਟੈਕਟੋਨਿਕ ਪਲੇਟਾਂ ਵਿਚ ਇਸ ਤਬਦੀਲੀ ਕਾਰਣ ਤੁਰਕੀ ਸੀਰੀਆ ਨਾਲੋਂ 5 ਤੋਂ 6 ਮੀਟਰ ਜ਼ਿਆਦਾ ਅੰਦਰ ਧਸ ਗਿਆ ਹੈ। ਉਨ੍ਹਾਂ ਕਿਹਾ ਹਾਲਾਂਕਿ ਇਹ ਜਾਣਕਾਰੀ ਸੁਰੂਆਤੀ ਅੰਕੜਿਆਂ ਤੋਂ ਮਿਲੀ ਹੈ। ਆਉਣ ਵਾਲੇ ਦਿਨਾਂ ਵਿੱਚ ਸੈਟੇਲਾਈਟ ਚਿੱਤਰਾਂ ਤੋਂ ਸਹੀ ਜਾਣਕਾਰੀ ਉਪਲਬਧ ਹੋਵੇਗੀ। ਭੂਚਾਲ ਦਾ ਕੇਂਦਰ ਤੁਰਕੀ ਸੀ। 3 ਟੈਕਟੋਨਿਕ ਪਲੇਟਾਂ ਐਨਾਟੋਲੀਅਨ ਟੈਕਟੋਨਿਕ ਪਲੇਟ ਯੂਰੇਸੀਅਨ ਅਤੇ ਅਰਬੀ ਪਲੇਟਾਂ ਦੇ ਵਿਚਕਾਰ ਸਥਿਤ ਹੈ। ਮਾਹਿਰਾਂ ਅਨੁਸਾਰ ਐਨਾਟੋਲੀਅਨ ਟੈਕਟੋਨਿਕ ਪਲੇਟ ਅਤੇ ਅਰਬੀ ਪਲੇਟ ਇਕ ਦੂਜੇ ਤੋਂ 225 ਕਿਲੋਮੀਟਰ ਦੂਰ ਚਲੇ ਗਏ ਹਨ। ਇਸ ਕਾਰਨ ਤੁਰਕੀ ਆਪਣੀ ਭੂਗੋਲਿਕ ਸਥਿਤੀ ਤੋਂ ਕਰੀਬ 5-6 ਮੀਟਰ ਦੂਰ ਹੋ ਗਿਆ ਹੈ।

# ਜੈਲੇਂਸਕੀ ਨੇ ਬ੍ਰਿਟੇਨ ਦੇ 900 ਸਾਲ ਪੁਰਾਣੇ ਵੈਸਟਮਿੰਸਟਰ ਹਾਲ ਵਿਚ ਦਿੱਤਾ ਭਾਸ਼ਣ, ਸੁਣਦੀ ਰਹੀ ਦੁਨੀਆ

ਲੰਡਨ, 8 ਫਰਵਰੀ (ਪੋਸਟ ਬਿਊਰੋ) -ਯੂਕਰੇਨ ਦੇ ਰਾਸ਼ਟਰਪਤੀ ਵਲਾਦੀਮੀਰ ਜੈਲੇਨਸਕੀ ਯੁੱਧ ਦੇ ਇਕ ਸਾਲ ਦੇ ਖਤਮ ਹੋਣ ਤੋਂ ਪਹਿਲਾਂ ਬ੍ਰਿਟੇਨ ਦੇ ਦੌਰੇ ’ਤੇ ਲੰਡਨ ਪਹੁੰਚ ਗਏ ਹਨ। ਉੱਥੇ ਉਨ੍ਹਾਂ ਨੇ ਬ੍ਰਿਟੇਨ ਦੇ 900 ਸਾਲ ਪੁਰਾਣੇ ਵੈਸਟਮਿੰਸਟਰ ਹਾਲ ਵਿਚ ਯੂਕਰੇਨ ’ਚ ਜੰਗ ਦੀ ਸਥਿਤੀ ’ਤੇ ਬੋਲਣਾ ਸੁਰੂ ਕੀਤਾ ਤਾਂ ਨਾ ਸਿਰਫ ਬ੍ਰਿਟਿਸ਼ ਸੰਸਦ ਮੈਂਬਰ ਸਗੋਂ ਪੂਰੀ ਦੁਨੀਆ ਉਨ੍ਹਾਂ ਨੂੰ ਸੁਣਦੀ ਰਹੀ। ਬ੍ਰਿਟਿਸ਼



ਸੰਸਦ ਮੈਂਬਰਾਂ ਨੂੰ ਸੰਬੋਧਨ ਕਰਦਿਆਂ ਜੈਲੇਂਸਕੀ ਨੇ ਪਹਿਲੇ ਦਿਨ ਤੋਂ ਰੂਸ ਦੇ ਹਮਲੇ ਦਾ ਸਮਰਥਨ ਨਾ ਕਰਨ ਲਈ ਬ੍ਰਿਟਿਸ਼ ਲੋਕਾਂ ਦਾ ਧੰਨਵਾਦ ਕੀਤਾ। ਉਹ ਹੋਰ ਸਹਾਇਤਾ ਲੈਣ ਲਈ ਆਪਣੇ ਦੇਸ਼ ਤੋਂ ਬਾਹਰ ਯਾਤਰਾ ਕਰ ਰਹੇ ਹਨ। ਯੂਕਰੇਨ ਦੀ ਫੌਜ ਦਾ ਧੰਨਵਾਦ ਕਰਦਿਆਂ ਜੈਲੇਂਸਕੀ ਨੇ ਕਿਹਾ, ‘‘ਮੈਂ ਇੱਥੇ ਬਹਾਦਰ ਸੈਨਿਕਾਂ ਦੀ ਤਰਫ਼ੋਂ ਆਇਆ ਹਾਂ ਅਤੇ ਤੁਹਾਡੇ ਸਾਹਮਣੇ ਖੜ੍ਹਾ ਹਾਂ। ਮੈਂ ਤੁਹਾਡੀ ਬਹਾਦਰੀ ਲਈ ਤੁਹਾਡਾ ਧੰਨਵਾਦ ਕਰਦਾ ਹਾਂ। ਲੰਡਨ ਪਹਿਲੇ ਦਿਨ ਤੋਂ ਹੀ ਕੀਵ ਦੇ ਨਾਲ ਹੈ। ਜੈਲੇਂਸਕੀ ਦੀ ਬ੍ਰਿਟੇਨ ਦੀ ਯਾਤਰਾ ਹੋਰ ਆਧੁਨਿਕ ਹਥਿਆਰਾਂ ਦੀ ਭਾਲ ਕਰਨ ਲਈ ਇਕ ਅਜਿਹੇ ਸਮੇਂ ਵਿਚ ਆਈ ਹੈ ਜਦੋਂ ਕੀਵ ਰੂਸ ਦੁਆਰਾ ਕੀਤੇ ਹਮਲੇ ਦੀ ਤਿਆਰੀ ਕਰ ਰਿਹਾ ਹੈ। ਜੈਲੇਂਸਕੀ ਦੇ ਭਾਸ਼ਣ ਨੂੰ ਸੁਣਨ ਲਈ ਸੈਂਕੜੇ ਸੰਸਦ ਮੈਂਬਰਾਂ ਅਤੇ ਸੰਸਦੀ ਸਟਾਫ ਨਾਲ 900 ਸਾਲ ਪੁਰਾਣੇ ਵੈਸਟਮਿੰਸਟਰ ਹਾਲ ਨੂੰ ਖਚਾਖਚ ਭਰਿਆ ਹੋਇਆ ਸੀ। ਲਗਭਗ ਇਕ ਸਾਲ ਪਹਿਲਾਂ ਰੂਸ ਦੇ ਹਮਲੇ ਤੋਂ ਬਾਅਦ ਯੂਕਰੇਨ ਤੋਂ ਬਾਹਰ ਇਹ ਜੈਲੇਂਸਕੀ ਦੀ ਦੂਜੀ ਯਾਤਰਾ ਹੈ। ਜੇਲੇਂਸਕੀ ਨੇ ਦਸੰਬਰ ਵਿਚ ਅਮਰੀਕਾ ਦਾ ਦੌਰਾ ਕੀਤਾ ਸੀ।

# ‘ਪਹਿਲੀ ਸਰਕਾਰ-ਕਿਸਾਨ ਮਿਲਣੀ’ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵਿਖੇ 12 ਫ਼ਰਵਰੀ ਨੂੰ ਹੋਵੇਗੀ : ਧਾਲੀਵਾਲ

## ਕਿਸਾਨਾਂ ਨਾਲ ਸਿੱਧਾ ਵਿਚਾਰ-ਵਟਾਂਦਰਾ ਕਰਕੇ ਤਿਆਰ ਹੋਵੇਗੀ ਨਵੀਂ ਖੇਤੀ ਨੀਤੀ

ਚੰਡੀਗੜ੍ਹ, 8 ਫਰਵਰੀ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਇਤਿਹਾਸ ਵਿੱਚ ਪਹਿਲੀ ਵਾਰ ‘ਪਹਿਲੀ ਸਰਕਾਰ-ਕਿਸਾਨ ਮਿਲਣੀ’ ਦਾ ਆਯੋਜਨ ਕਰੇਗੀ, ਇਹ ਮਿਲਣੀ ਸਮਾਗਮ 12 ਫਰਵਰੀ, 2023 ਨੂੰ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਵਿਖੇ ਹੋਵੇਗਾ।

ਇਹ ਜਾਣਕਾਰੀ ਦਿੰਦਿਆਂ ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਦੱਸਿਆ ਕਿ ਇਸ ਮਿਲਣੀ ਦਾ ਮੁੱਖ ਮੰਤਵ ਪੰਜਾਬ ਸੂਬੇ ਦੇ ਮੁੱਖ ਫਸਲੀ ਚੱਕਰ ਕਣਕ-ਝੋਨੇ ਅਧੀਨ ਰਕਬਾ ਘਟਾ ਕੇ ਹੋਰ ਪਾਣੀ ਬਚਾਉਣ ਵਾਲੀਆਂ ਫਸਲਾਂ ਦੀ ਕਾਸ਼ਤ ਨੂੰ ਉਤਸ਼ਾਹਿਤ ਕਰਨਾ ਅਤੇ ਹੋਰ ਖੇਤੀ ਸਹਾਇਕ ਧੰਦਿਆਂ ਨੂੰ ਵਧਾਵਾ ਦੇਣਾ ਹੈ।



ਧਾਲੀਵਾਲ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਇਸ ਵਿਲੱਖਣ ਆਯੋਜਨ ਦੌਰਾਨ ਸਰਕਾਰ ਅਤੇ ਕਿਸਾਨਾਂ ਦਰਮਿਆਨ ਸਿੱਧਾ ਵਿਚਾਰ-ਵਟਾਂਦਰਾ ਕਰਦੇ ਹੋਏ ਕਿਸਾਨਾਂ ਨਾਲ ਸਲਾਹ ਕਰਕੇ ਤਿਆਰ ਕੀਤੀ ਜਾ ਰਹੀ ਸੂਬੇ ਦੀ ਨਵੀਂ ਖੇਤੀ ਨੀਤੀ ਨੂੰ ਕਿਸਾਨ ਸਹਾਈ ਬਣਾਉਣ ਲਈ ਹੀਲੇ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਇਸ ਮਿਲਣੀ ਦੌਰਾਨ ਪੂਰੇ ਪੰਜਾਬ ਤੋਂ ਅਗਾਂਹਵਧੂ ਕਿਸਾਨ ਸਿੱਧੇ ਮੁੱਖ ਮੰਤਰੀ ਨੂੰ ਆਪਣੇ ਸੁਝਾਅ ਦੇਣਗੇ ਅਤੇ ਪ੍ਰਸਾਸ਼ਨ, ਵਿਭਾਗਾਂ, ਖੇਤੀਬਾੜੀ ਖੋਜ ਸੰਸਥਾਵਾਂ ਅਤੇ ਕਿਸਾਨਾਂ ਵਿੱਚ ਖੁੱਲੀ ਗੱਲਬਾਤ ਰਾਹੀਂ ਵਿਚਾਰ-ਵਟਾਂਦਰਾ ਕੀਤਾ ਜਾਵੇਗਾ। ਜਿਸ ਰਾਹੀਂ ਸੂਬੇ ਦੀ ਖੇਤੀਬਾੜੀ ਨੂੰ ਵੰਨ-ਸੁਵੰਨਤਾ ਵੱਲ ਲਿਜਾਉਣ, ਲਾਹੇਵੰਦ ਬਣਾਉਣ ਅਤੇ ਖੇਤੀਬਾੜੀ ਸੁਧਾਰਾਂ ਦਾ ਕੰਮ ਕਰਨ ਲਈ ਤਜਵੀਜ਼ ਤਿਆਰ ਕੀਤੀ ਜਾਵੇਗੀ।

ਖੇਤੀਬਾੜੀ ਮੰਤਰੀ ਨੇ ਇਹ ਵੀ ਦੱਸਿਆ ਕਿ ਪੰਜਾਬ ਸੂਬੇ ਦੇ ਇਤਿਹਾਸ ਵਿੱਚ ਪਹਿਲੀ ਵਾਰ ਅਜਿਹੀ ਪਹਿਲ ਕੀਤੀ ਗਈ ਹੈ ਅਤੇ ਇਸ ਮਿਲਣੀ ਦੌਰਾਨ ਖੇਤੀਬਾੜੀ ਤੇ ਖੇਤੀ ਆਧਾਰਿਤ ਸਹਾਇਕ ਧੰਦਿਆਂ ਨੂੰ ਉਤਸ਼ਾਹਿਤ ਕਰਨ ਲਈ ਵੱਖ-ਵੱਖ ਬੂਥਾਂ ਅਤੇ ਪ੍ਰਦਰਸ਼ਨੀਆਂ ਦਾ ਆਯੋਜਨ ਕਿਸਾਨਾਂ ਲਈ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਪਹਿਲੀ ਕਿਸਾਨ-ਸਰਕਾਰ ਮਿਲਣੀ ਲਈ 5 ਹਜ਼ਾਰ ਕਿਸਾਨਾਂ/ ਉੱਦਮੀਆਂ ਨੂੰ ਸੱਦਾ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਮਿਲਣੀ ਦੌਰਾਨ ਤਜ਼ਰਬੇਕਾਰ ਕਿਸਾਨਾਂ ਦੀ ਸ਼ਮੂਲੀਅਤ ਯਕੀਨੀ ਬਣਾਈ ਗਈ ਹੈ, ਜੋ ਕਿ ਖੇਤੀਬਾੜੀ ਅਤੇ ਖੇਤੀਬਾੜੀ ਸਹਾਇਕ ਕਿੱਤਿਆਂ ਨਾਲ ਸਬੰਧਤ ਵੱਖ-ਵੱਖ ਵਿਸ਼ਿਆਂ ਦੀ ਭਰਪੂਰ ਜਾਣਕਾਰੀ ਰੱਖਦੇ ਹਨ। ਇਸ ਤੋਂ ਇਲਾਵਾ ਵੱਖ-ਵੱਖ ਖੇਤੀਬਾੜੀ ਕਲੱਬਾਂ, ਐਸੋਸੀਏਸ਼ਨਾਂ ਦੇ ਮੈਂਬਰ ਵੀ ਇਸ ਮਿਲਣੀ ਦਾ ਹਿੱਸਾ ਬਣਨਗੇ। ਉਨ੍ਹਾਂ ਦੱਸਿਆ ਕਿ ਇਸ ਮਿਲਣੀ ਵਿੱਚ ਸੈਲਫ ਹੈਲਪ ਗਰੁੱਪਾਂ, ਸਹਿਕਾਰੀ ਸੁਸਾਇਟੀਆਂ ਨਾਲ ਸਬੰਧਤ ਕਿਸਾਨ ਬੀਬੀਆਂ ਦੀ ਸ਼ਮੂਲੀਅਤ ਯਕੀਨੀ ਬਣਾਈ ਗਈ ਹੈ।

ਖੇਤੀਬਾੜੀ ਮੰਤਰੀ ਨੇ ਦੱਸਿਆ ਕਿ ਸਬਜ਼ੀਆਂ, ਫ਼ਲ, ਗੰਨਾ, ਨਰਮਾ, ਮੋਟਾ ਅਨਾਜ਼, ਦਵਾਈਆਂ ਵਾਲੇ ਬੂਟੇ ਅਤੇ ਖੁਸ਼ਬੂਦਾਰ ਬੂਟੇ, ਮੁਰਗੀ ਪਾਲਣ, ਮੱਛੀ ਪਾਲਣ, ਬੱਕਰੀ ਪਾਲਣ, ਚਾਰਾ ਅਤੇ ਪਸ਼ੂ ਆਹਾਰ, ਡੇਅਰੀ, ਖੇਤੀਬਾੜੀ ਮਸ਼ੀਨਰੀ, ਕੰਢੀ ਖੇਤਰ, ਵਣ ਖੇਤੀ, ਖੁੰਬਾਂ ਅਤੇ ਮਧੂ ਮੱਖੀ ਪਾਲਣ, ਫੂਡ ਪ੍ਰੋਸੈਸਿੰਗ ਐਂਡ ਮੁੱਲ ਵਾਧਾ ਅਤੇ ਸਟਾਰਟ ਅੱਪ, ਜੈਵਿਕ ਖੇਤੀ, ਦਾਲਾਂ ਤੇ ਤੇਲ ਬੀਜ, ਕਣਕ, ਝੋਨਾ ਅਤੇ ਮੱਕੀ ਅਤੇ ਬਾਸਮਤੀ ਆਦਿ 20 ‘ਸਲਾਹ ਮਸ਼ਵਰਾ ਬੂਥ’ ਸਥਾਪਿਤ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਇਨ੍ਹਾਂ 20 ਵੱਖ-ਵੱਖ ਬੂਥਾ ‘ਤੇ ਵਿਸ਼ਾ ਮਾਹਿਰ ਮੌਜੂਦ ਹੋਣਗੇ, ਜੋ ਕਿਸਾਨਾਂ ਨੂੰ ਸਮੱਸਿਆਵਾਂ ਦੇ ਹੱਲ ਲਈ ਸੁਝਾਅ ਦੇਣਗੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਬੂਥਾਂ ‘ਤੇ ਸੈਂਪਲਿੰਗ ਦੀ ਵਿਵਸਥਾ ਵੀ ਹੋਵੇਗੀ।

ਧਾਲੀਵਾਲ ਨੇ ਦੱਸਿਆ ਕਿ ਇਸ ਮੌਕੇ 11 ਵੱਖ-ਵੱਖ ਵਿਭਾਗਾਂ ਜਿਨ੍ਹਾਂ ਵਿੱਚ ਖੇਤੀਬਾੜੀ, ਬਾਗਬਾਨੀ, ਪਸ਼ੂ ਪਾਲਣ, ਡੇਅਰੀ ਵਿਕਾਸ, ਮੱਛੀ ਪਾਲਣ, ਮੰਡੀ ਬੋਰਡ, ਪੋਲਟਰੀ, ਮਿੱਟੀ ਅਤੇ ਪਾਣੀ ਸੰਭਾਲ, ਪੰਜਾਬ ਐਗਰੋ ਇੰਡਸਟਰੀਜ਼, ਮਿਲਫੈੱਡ ਅਤੇ ਮਾਰਕਫੈੱਡ ਯਾਮਲ ਹਨ, ਵੱਲੋਂ ਪ੍ਰਦਰਸ਼ਨੀਆਂ ਲਗਾਈਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਇਹ ਪ੍ਰਦਰਸ਼ਨੀਆਂ ਜਾਣਕਾਰੀ ਭਰਪੂਰ ਹੋਣਗੀਆਂ ਜੋ ਕਿ ਕਿਸਾਨਾਂ ਦਾ ਮਾਰਗ ਦਰਸ਼ਨ ਕਰਨਗੀਆਂ।

# ਜਾਸੂਸੀ ਬੈਲੂਨ ਕੇਸ ਵਿਚ ਚੀਨ ਨੇ ਅਮਰੀਕਾ ਨਾਲ ਫੋਨਕਾਲ ਦੀ ਪੇਸ਼ਕਸ਼ ਠੁਕਰਾਈ

ਵਾਸ਼ਿੰਗਟਨ, 8 ਫਰਵਰੀ (ਪੋਸਟ ਬਿਊਰੋ) – ਅਮਰੀਕੀ ਰੱਖਿਆ ਮੰਤਰਾਲੇ ਦੇ ਹੈੱਡਕੁਆਰਟਰ ਪੈਂਟਾਗਨ ਨੇ ਕਿਹਾ ਕਿ ਚੀਨ ਨੇ ਅਮਰੀਕੀ ਰੱਖਿਆ ਮੰਤਰੀ ਲੋਇਡ ਆਸਟਿਨ ਅਤੇ ਉਨ੍ਹਾਂ ਦੇ ਚੀਨੀ ਹਮਰੁਤਬਾ ਜਨਰਲ ਵੇਈ ਫੇਂਗੇ ਵਿਚਕਾਰ ਟੈਲੀਫੋਨ ’ਤੇ ਗੱਲਬਾਤ ਦੀ ਬੇਨਤੀ ਨੂੰ ਠੁਕਰਾ ਦਿੱਤਾ ਹੈ। ਅਟਲਾਂਟਿਕ ਮਹਾਸਾਗਰ ਵਿਚ ਦੱਖਣੀ ਕੈਰੋਲੀਨਾ ਦੇ ਤੱਟ ਤੋਂ ਸ਼ਨੀਵਾਰ ਨੂੰ ਇਕ ਚੀਨੀ ਗੁਬਾਰੇ ਨੂੰ ਹੇਠਾਂ ਸੁੱਟੇ ਜਾਣ ਤੋਂ ਬਾਅਦ ਇਹ ਬੇਨਤੀ ਕੀਤੀ ਗਈ ਸੀ। ਇਹ ਗੁਬਾਰਾ 30 ਜਨਵਰੀ ਨੂੰ ਮੋਂਟਾਨਾ ਦੇ ਉੱਪਰ ਅਮਰੀਕੀ ਹਵਾਈ ਖੇਤਰ ਵਿਚ ਦਾਖਲ ਹੋਣ ਤੋਂ ਬਾਅਦ ਕਈ ਦਿਨਾਂ ਤੱਕ ਮਹਾਂਦੀਪੀ ਅਮਰੀਕਾ ਦੇ ਉੱਪਰ ਉੱਡਦਾ ਰਿਹਾ ਸੀ। ਦੋਵਾਂ ਦੇਸ਼ਾਂ ਵਿਚਾਲੇ ਪਹਿਲਾਂ ਹੀ ਕਈ ਮੁੱਦਿਆਂ ’ਤੇ ਤਣਾਅ ਚੱਲ ਰਿਹਾ ਹੈ। ਅਮਰੀਕਾ ਦੇ ਵਿਦੇਸ਼ ਮੰਤਰੀ ਐਂਟੋਨੀ ਬਲਿੰਕਨ ਨੇ ਗੁਬਾਰੇ ਦੇ ਘਟਨਾਕ੍ਰਮ ਤੋਂ ਬਾਅਦ ਇਸ ਹਫਤੇ ਚੀਨ ਦਾ ਦੌਰਾ ਰੱਦ ਕਰ ਦਿੱਤਾ ਸੀ, ਜਿਸ ਨੂੰ ਦੋਵਾਂ ਦੇਸ਼ਾਂ ਦੇ ਸੁਧਰੇ ਸਬੰਧਾਂ ਲਈ ਉਮੀਦ ਦੇ ਸੰਕੇਤ ਵਜੋਂ ਦੇਖਿਆ ਜਾ ਰਿਹਾ ਸੀ। ਚੀਨ ਦਾ ਦਾਅਵਾ ਹੈ ਕਿ ਇਹ ਇਕ ਗੁਬਾਰਾ ਸੀ ਜੋ ਮੌਸਮ ਵਿਗਿਆਨ ਖੋਜ ਲਈ ਵਰਤਿਆ ਗਿਆ ਸੀ, ਪਰ ਇਹ ਦੱਸਣ ਤੋਂ ਇਨਕਾਰ ਕਰ ਦਿੱਤਾ ਕਿ ਇਹ ਕਿਸ ਸਰਕਾਰੀ ਵਿਭਾਗ ਜਾਂ ਕੰਪਨੀ ਨਾਲ ਸਬੰਧਤ ਹੈ। ਅਮਰੀਕਾ ਨੇ ਹਾਲਾਂਕਿ ਦਾਅਵਾ ਕੀਤਾ ਹੈ ਕਿ ਉਸ ਕੋਲ ਇਹ ਸਾਬਤ ਕਰਨ ਲਈ ਕਾਫੀ ਸਬੂਤ ਹਨ ਕਿ ਇਹ ਜਾਸੂਸੀ ਗੁਬਾਰਾ ਸੀ।

ਅਮਰੀਕੀ ਬੁਲਾਰੇ ਨੇ ਕਿਹਾ, ‘‘ਬਦਕਿਸਮਤੀ ਨਾਲ, ਚੀਨ ਨੇ ਬੇਨਤੀ ਸਵੀਕਾਰ ਨਹੀਂ ਕੀਤੀ। ਸੰਚਾਰ ਸੇਵਾਵਾਂ ਦੀ ਸਥਾਪਨਾ ਲਈ ਸਾਡੀ ਵਚਨਬੱਧਤਾ ਜਾਰੀ ਰਹੇਗੀ।’’ ਅਮਰੀਕਾ ਨੇ ਚੀਨ ‘ਤੇ ਅਮਰੀਕੀ ਪ੍ਰਭੂਸੱਤਾ ਅਤੇ ਅੰਤਰਰਾਸਟਰੀ ਕਾਨੂੰਨ ਦੀ ਉਲੰਘਣਾ ਕਰਨ ਦਾ ਦੋਸ ਲਗਾਇਆ ਹੈ। ਇਸ ਦੇ ਨਾਲ ਹੀ ਚੀਨ ਦਾ ਕਹਿਣਾ ਹੈ ਕਿ ਅਮਰੀਕਾ ਨੇ ਗੁਬਾਰਾ ਸੁੱਟ ਕੇ ਅੰਤਰਰਾਸ਼ਟਰੀ ਕਾਨੂੰਨ ਦੀ ਉਲੰਘਣਾ ਕੀਤੀ ਹੈ ਅਤੇ ਚਿਤਾਵਨੀ ਦਿੱਤੀ ਹੈ ਕਿ ਉਹ ਜਵਾਬ ਵਿਚ ਉਚਿਤ ਕਾਰਵਾਈ ਕਰਨ ਦੇ ਆਪਣੇ ਅਧਿਕਾਰ ਦੀ ਵਰਤੋਂ ਕਰੇਗਾ।

# ਰੂਸ ਤੋਂ ਖਰੀਦੇ ਹਥਿਆਰਾਂ ਦਾ ਭੁਗਤਾਨ ਨਹੀਂ ਕਰ ਸਕਿਆ ਭਾਰਤ, ਵਧਿਆ ਤਣਾਅ

ਮਾਸਕੋ, 8 ਫਰਵਰੀ (ਪੋਸਟ ਬਿਊਰੋ) – ਰੂਸ ਨੇ ਭਾਰਤ ਨੂੰ 28 ਹਜਾਰ ਕਰੋੜ ਰੁਪਏ ਦੇ ਹਥਿਆਰ ਵੇਚੇ ਹਨ। ਪਰ ਪਿਛਲੇ ਸਾਲ ਫਰਵਰੀ ਵਿਚ ਯੂਕਰੇਨ ਨਾਲ ਜੰਗ ਸੁਰੂ ਹੋਣ ਤੋਂ ਬਾਅਦ ਰੂਸ ’ਤੇ ਸਖਤ ਪਾਬੰਦੀਆਂ ਲੱਗੀਆਂ ਹੋਈਆਂ ਹਨ। ਜਿਸ ਕਾਰਨ ਭਾਰਤ ਅਜੇ ਤੱਕ ਰੂਸ ਨੂੰ ਇਹ ਭੁਗਤਾਨ ਨਹੀਂ ਕਰ ਸਕਿਆ ਹੈ। ਯੂਕਰੇਨ ਨਾਲ ਜੰਗ ਕਾਰਨ ਪੱਛਮੀ ਦੇਸ਼ਾਂ ਅਤੇ ਅਮਰੀਕਾ ਵਲੋਂ ਲਾਈਆਂ ਆਰਥਿਕ ਪਾਬੰਦੀਆਂ ਦਾ ਸਾਹਮਣਾ ਕਰ ਰਹੇ ਰੂਸ ਨੂੰ ਭਾਰਤ ਆਪਣਾ ਬਕਾਇਆ ਦੇਣ ਦਾ ਵਿਕਲਪ ਲੱਭ ਰਿਹਾ ਹੈ।



ਕਿਉਂਕਿ, ਭਾਰਤ ਜ਼ਿਆਦਾਤਰ ਫੌਜੀ ਹਥਿਆਰ ਅਤੇ ਹਾਰਡਵੇਅਰ ਰੂਸ ਤੋਂ ਖਰੀਦਦਾ ਹੈ। ਅਜਿਹੇ ਵਿਚ ਸਰਕਾਰ ਨੂੰ ਚਿੰਤਾ ਹੈ ਕਿ ਜੇਕਰ ਭੁਗਤਾਨ ਵਿਚ ਹੋਰ ਦੇਰੀ ਹੋਈ ਤਾਂ ਜਰੂਰੀ ਸਪੇਅਰ ਪਾਰਟਸ ਅਤੇ ਉਪਕਰਨਾਂ ਦੀ ਡਿਲਿਵਰੀ ਵਿਚ ਮੁਸ਼ਕਿਲ ਆ ਸਕਦੀ ਹੈ।

ਭਾਰਤ ਰੂਸ ਨਾਲ ਇਕਰਾਰਨਾਮੇ ਤਹਿਤ ਐੱਸ-400 ਲੰਬੀ ਰੇਂਜ ਦੀ ਸਤ੍ਹਾ ਤੋਂ ਹਵਾ ਵਿਚ ਮਾਰ ਕਰਨ ਵਾਲੀਆਂ ਮਿਜਾਈਲਾਂ, ਰੂਸ ਦੇ ਬਣੇ ਟ੍ਰਸ਼ਿਲ ਸ਼੍ਰੇਣੀ ਦੇ ਜਹਾਜ, ਮਲਟੀਪਲ ਰਾਕੇਟ ਲਾਂਚਰ ਸਮਰਚ, ਰਾਕੇਟ ਪ੍ਰੋਜੈਕਟਾਈਲ ਅਤੇ ਐਕਸ-31 ਮਿਜਾਈਲਾਂ ਖਰੀਦਦਾ ਹੈ। ਇਸ ਤੋਂ ਇਲਾਵਾ ਕਈ ਹੋਰ ਮਿਜਾਈਲਾਂ ਅਤੇ ਫੌਜ ਦੇ ਹਥਿਆਰ ਅਤੇ ਉਪਕਰਨ ਵੀ ਸ਼ਾਮਲ ਹਨ।

ਭਾਰਤ ਰੂਸ ਤੋਂ ਕੱਚਾ ਤੇਲ ਅਤੇ ਹਥਿਆਰ ਖਰੀਦਦਾ ਹੈ। ਸੂਤਰਾਂ ਦੇ ਹਵਾਲੇ ਨਾਲ ਕਿਹਾ ਜਾ ਰਿਹਾ ਹੈ ਕਿ ਭਾਰਤੀ ਰਿਫਾਇਨਰੀ ਕੰਪਨੀਆਂ ਨੇ ਯੂ.ਏ.ਈ ਦੀ ਕਰੰਸੀ ਦਿਰਹਾਮ ਵਿਚ ਅਮਰੀਕੀ ਡਾਲਰ ਦੀ ਬਜਾਏ ਦੁਬਈ ਸਥਿਤ ਵਪਾਰੀਆਂ ਦੇ ਜਰੀਏ ਭੁਗਤਾਨ ਕਰਨਾ ਸੁਰੂ ਕਰ ਦਿੱਤਾ ਹੈ। ਇਕ ਚੋਟੀ ਦੇ ਅਧਿਕਾਰੀ ਨੇ ਦੱਸਿਆ ਹੈ ਕਿ ਭਾਰਤ ਰੂਸ ਦੇ ਬਕਾਏ ਦਾ ਭੁਗਤਾਨ ਕਰਨ ਲਈ ਵਿਕਲਪਾਂ ’ਤੇ ਵਿਚਾਰ ਕਰ ਰਿਹਾ ਹੈ।

# ਪੰਚਾਇਤ ਸਕੱਤਰ ਵਿੱਤ ਤੋਂ ਵੱਧ ਜਾਇਦਾਦ ਬਣਾਉਣ ਦੇ ਦੋਸ਼ ਹੇਠ ਗ੍ਰਿਫਤਾਰ

ਚੰਡੀਗੜ੍ਹ, 8 ਫਰਵਰੀ (ਪੋਸਟ ਬਿਊਰੋ): ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਬੁੱਧਵਾਰ ਨੂੰ ਤਰਨਤਾਰਨ ਜ਼ਲ੍ਹਿੇ ਦੇ ਬਲਾਕ ਵਲਟੋ-ਹਾ, ਜ਼ਲ੍ਹਿਾ ਤਰਨਤਾਰਨ ਵਿੱਚ ਤਾਇਨਾਤ ਪੰਚਾਇਤ ਸਕੱਤਰ ਹਰਦਿਆਲ ਸਿੰਘ ਵਾਸੀ ਪਿੰਡ ਦਾਸੂਵਾਲ, ਜਿਲਾ ਤਰਨਤਾਰਨ ਨੂੰ ਉਸ ਦੀ ਆਮਦਨ ਦੇ ਜਾਣੂ ਸਰੋਤਾਂ ਤੋਂ ਵੱਧ ਜਾਇਦਾਦ ਬਣਾਉਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਹੈ।





ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲ-ਾਰੇ ਨੇ ਦੱਸਿਆ ਕਿ ਉਪਰੋਕਤ ਪੰਚ-ਾਇਤ ਸਕੱਤਰ ਖਿਲਾਫ਼ ਭ੍ਰਿਸ਼ਟਾਚਾਰ ਰਾਹੀਂ ਆਮਦਨ ਤੋਂ ਵੱਧ ਜਾਇਦਾਦ ਬਣਾਉਣ ਦੇ ਲੱਗੇ ਦੋਸ਼ਾਂ ਸਬੰਧੀ ਵਿਜੀਲੈਂਸ ਜਾਂਚ ਦੀ ਪੜਤਾਲ ਉਪਰੰਤ ਇਹ ਕੇਸ ਦਰਜ ਕੀਤਾ ਗਿਆ ਹੈ।

ਹੋਰ ਵੇਰਵੇ ਦਿੰਦਿਆਂ ਉਨਾਂ ਅੱਗੇ ਦੱਸਿਆ ਕਿ ਵਿਜੀਲੈਂਸ ਜਾਂਚ ਦੌਰਾਨ ਇਸ ਬਾਰੇ ਸਾਲਾਂ ਦੀ ਮਿਥੀ ਹੋਈ ਮਿਆਦ ਦੌਰਾਨ ਉਸਦੀ ਕੁੱਲ ਆਮਦਨ 47,65,188 ਰੁਪਏ ਸੀ ਅਤੇ ਕੁੱਲ ਖਰਚਾ 1,06,98,926 ਰੁਪਏ ਪਾਇਆ ਗਿਆ। ਇਸ ਤੋਂ ਇਹ ਗੱਲ ਸਾਹਮਣੇ ਆਈ ਹੈ ਕਿ ਚੈਕ ਪੀਰੀਅਡ ਦੌਰਾਨ ਪ੍ਰਾਪਤ ਹੋਈ ਆਮਦਨ ਦੇ ਮੁਕਾਬਲੇ ਮੁਲਜ਼ਮ ਵੱਲੋਂ ਕੀਤੇ ਗਏ ਕੁੱਲ ਖਰਚੇ ਵਿੱਚ 59,33,738 ਰੁਪਏ ਦਾ ਵੱਧ ਖਰਚਾ ਕੀਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਉਕਤ ਮੁਲਜ਼ਮ ਹਰਦਿਆਲ ਸਿੰਘ ਖਿਲਾਫ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਅੰਮ੍ਰਿਤਸਰ ਵਿਖੇ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਦਿੱਤੀ ਗਈ ਹੈ।

# ਗਾਜੀਆਬਾਦ ਵਿਚ ਅਦਾਲਤ ਦੀ ਪਹਿਲੀ ਮੰਜ਼ਲ ’ਤੇ ਆਇਆ ਤੇਂਦੂਆ, ਕਈਆਂ ਨੂੰ ਕੀਤਾ ਜ਼ਖਮੀ

ਗਾਜੀਆਬਾਦ, 8 ਫਰਵਰੀ (ਪੋਸਟ ਬਿਊਰੋ) – ਗਾਜੀਆਬਾਦ ਦੀ ਅਦਾਲਤ ਦੀ ਪਹਿਲੀ ਮੰਜਲ ’ਤੇ ਤੇਂਦੂਏ ਦੇ ਆਉਣ ਕਾਰਨ ਗਾਜੀਆਬਾਦ ਵਿਚ ਹੜਕੰਪ ਮਚ ਗਿਆ। ਤੇਂਦੂਏ ਨੇ ਕਈ ਲੋਕਾਂ ਨੂੰ ਜਖਮੀ ਕਰ ਦਿੱਤਾ, ਜਿਸ ਤੋਂ ਬਾਅਦ ਵਕੀਲਾਂ ਅਤੇ ਅਦਾਲਤੀ ਕਰਮਚਾਰੀਆਂ ਨੇ ਆਪਣੇ-ਆਪ ਨੂੰ ਕਮਰਿਆਂ ਵਿਚ ਬੰਦ ਕਰ ਲਿਆ। ਇਸ ਸਬੰਧੀ ਪੁਲਿਸ ਅਤੇ ਜੰਗਲਾਤ ਵਿਭਾਗ ਨੂੰ ਸੂਚਿਤ ਕਰ ਦਿੱਤਾ ਗਿਆ ਹੈ ਅਤੇ ਪੁਲਿਸ ਅਤੇ ਜੰਗਲਾਤ ਟੀਮਾਂ ਵੀ ਪਹੁੰਚੀਆਂ। ਦੱਸਿਆ ਜਾ ਰਿਹਾ ਹੈ ਕਿ ਤੇਂਦੂਆ ਅਚਾਨਕ ਪਹਿਲੀ ਮੰਜਲ ’ਤੇ ਆ ਗਿਆ ਅਤੇ ਉੱਥੇ ਮੌਜੂਦ ਕਈ ਲੋਕਾਂ ’ਤੇ ਹਮਲਾ ਕਰਕੇ ਜਖਮੀ ਕਰ ਦਿੱਤਾ।

ਹਮਲਾ ਕਰਨ ਤੋਂ ਬਾਅਦ ਤੇਂਦੂਆ ਇਕ ਕਮਰੇ ਦੇ ਬਾਹਰ ਬੈਠ ਗਿਆ। ਇਸ ਤੋਂ ਬਾਅਦ ਲੋਕਾਂ ਨੇ ਆਪਣੇ ਆਪ ਨੂੰ ਕਮਰਿਆਂ ਵਿਚ ਬੰਦ ਕਰ ਲਿਆ। ਤੇਂਦੂਏ ਦੇ ਹਮਲੇ ਕਾਰਨ ਕਈ ਲੋਕ ਲਹੂ-ਲੁਹਾਨ ਹੋ ਗਏ।



ਕਿਸੇ ਦੇ ਸਿਰ, ਕਿਸੇ ਦੇ ਹੱਥ ਅਤੇ ਕਿਸੇ ਦੀ ਲੱਤ ’ਤੇ ਜ਼ਖਮਾਂ ਦੇ ਨਿਸ਼ਾਨ ਹਨ।

ਚਸਮਦੀਦਾਂ ਨੇ ਦੱਸਿਆ ਕਿ ਤੇਂਦੂਆ ਬਹੁਤ ਹਮਲਾਵਰ ਹੈ। ਅਦਾਲਤ ਵਿੱਚ ਮੌਜੂਦ ਵਕੀਲਾਂ ਨੇ ਆਪਣੀ ਸੁਰੱਖਿਆ ਲਈ ਆਲੇ-ਦੁਆਲੇ ਡੰਡੇ ਅਤੇ ਬੈਲਟ ਆਦਿ ਰੱਖ ਲਈਆਂ। ਦੱਸ ਦਈਏ ਕਿ ਕਰੀਬ 8 ਸਾਲ ਪਹਿਲਾਂ ਰਾਜਨਗਰ ਵਿਚ ਹੀ ਅਦਾਲਤ ਦੇ ਕੋਲ ਇਕ ਤੇਂਦੂਆ ਸੀ.ਸੀ.ਟੀ.ਵੀ. ’ਚ ਕੈਦ ਹੋ ਗਿਆ ਸੀ।

# ਜੰਮੂ-ਕਸ਼ਮੀਰ ’ਚ ਬੁਲਡੋਜ਼ਰ ਦੀ ਕਾਰਵਾਈ ਦਾ ਵਿਰੋਧ ਕਰਨ ਜਾ ਰਹੀ ਮਹਿਬੂਬਾ ਮੁਫਤੀ ਨੂੰ ਦਿੱਲੀ ਪੁਲਸ ਨੇ ਲਿਆ ਹਿਰਾਸਤ ’ਚ

ਨਵੀਂ ਦਿੱਲੀ, 8 ਫਰਵਰੀ (ਪੋਸਟ ਬਿਊਰੋ) – ਦਿੱਲੀ ਪੁਲਿਸ ਨੇ ਪੀਪਲਜ ਡੈਮੋਕ੍ਰੇਟਿਕ ਪਾਰਟੀ (ਪੀ.ਡੀ.ਪੀ.) ਦੀ ਮੁਖੀ ਮਹਿਬੂਬਾ ਮੁਫਤੀ ਅਤੇ ਜੰਮੂ-ਕਸ਼ਮੀਰ ਦੀ ਸਾਬਕਾ ਮੁੱਖ ਮੰਤਰੀ ਮਹਿਬੂਬਾ ਮੁਫ਼ਤੀ ਨੂੰ ਹਿਰਾਸਤ ਵਿਚ ਲੈ ਲਿਆ ਹੈ। ਮਹਿਬੂਬਾ ਮੁਫਤੀ ਜੰਮੂ-ਕਸਮੀਰ ਵਿਚ ਚੱਲ ਰਹੀ ਕਬਜ਼ੇ ਵਿਰੋਧੀ ਮੁਹਿੰਮ ਦੇ ਵਿਰੋਧ ਵਿਚ ਬੁੱਧਵਾਰ ਨੂੰ ਸੰਸਦ ਵੱਲ ਮਾਰਚ ਕਰਨ ਜਾ ਰਹੀ ਸੀ। ਪੁਲਸ ਨੇ ਉਸ ਤੋਂ ਪਹਿਲਾਂ ਹੀ ਉਸ ਨੂੰ ਹਿਰਾਸਤ ਵਿਚ ਲੈ ਲਿਆ ਅਤੇ ਪਾਰਟੀ ਵਰਕਰਾਂ ਨੂੰ ਜੰਤਰ-ਮੰਤਰ ਲੈ ਗਈ।

ਮਹਿਬੂਬਾ ਮੁਫ਼ਤੀ ਨੇ ਪੀਡੀਪੀ ਵਰਕਰਾਂ ਦੇ ਨਾਲ ਰੇਲਵੇ ਭਵਨ ਤੋਂ ਸੰਸਦ ਤੱਕ ਮਾਰਚ ਕਰਨ ਦੀ ਯੋਜਨਾ ਬਣਾਈ ਸੀ। ਇੱਥੇ ਉਹ ਵਿਰੋਧੀ ਪਾਰਟੀਆਂ ਨੂੰ ਜੰਮੂ-ਕਸਮੀਰ ਪ੍ਰਸ਼ਾਸਨ ਦੀ ‘ਬੁਲਡੋਜ਼ਰ ਨੀਤੀ’ ਬਾਰੇ ਦੱਸਣਾ ਚਾਹੁੰਦੀ ਸੀ। ਮਹਿਬੂਬਾ ਨੇ ਕਿਹਾ, ‘‘ਅਸੀਂ ਲੋਕਾਂ, ਵਿਰੋਧੀ ਪਾਰਟੀਆਂ ਅਤੇ ਸੱਤਾਧਾਰੀ ਭਾਜਪਾ (ਭਾਰਤੀ ਜਨਤਾ ਪਾਰਟੀ) ਦੇ ਮੈਂਬਰਾਂ ਨੂੰ ਜੰਮੂ-ਕਸਮੀਰ ਦੇ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਬਾਰੇ ਦੱਸਣ ਆਏ ਸੀ।’’

ਉਨ੍ਹਾਂ ਸਵਾਲ ਕੀਤਾ, ‘‘ਜੇਕਰ ਅਸੀਂ ਸੰਸਦ ਨਹੀਂ ਜਾ ਸਕਦੇ ਤਾਂ ਕਿੱਥੇ ਜਾਣਾ ਚਾਹੀਦਾ ਹੈ। ਕੀ ਸਰਕਾਰ ਚਾਹੁੰਦੀ ਹੈ ਕਿ ਅਸੀਂ ਆਪਣੀਆਂ ਸ਼ਿਕਾਇਤਾਂ ਸੰਯੁਕਤ ਰਾਸ਼ਟਰ ਤੱਕ ਪਹੁੰਚਾਈਏ? ਆਮ ਲੋਕਾਂ ਦੀ ਆਵਾਜ਼ ਨੂੰ ਦਬਾਇਆ ਗਿਆ।

# ਰੀਨਾ ਰਾਏ ਨੇ ਸੋਸ਼ਲ ਮੀਡੀਆ ’ਤੇ ਵੀਡੀਓ ਪਾ ਕੇ ਕਿਹਾ, ਦੀਪ ਸਿੱਧੂ ਦੀ ਮੌਤ ਕਿਸੇ ਕਿਸਮ ਦੀ ਕੋਈ ਸਾਜਿਸ਼ ਨਹੀਂ ਸੀ

ਚੰਡੀਗੜ੍ਹ, 8 ਫਰਵਰੀ (ਪੋਸਟ ਬਿਊਰੋ): 15 ਫਰਵਰੀ ਨੂੰ ਹਰਿਆਣਾ-ਦਿੱਲੀ ਸਰਹੱਦ ‘ਤੇ ਸੋਨੀਪਤ ਨੇੜੇ ਸੜਕ ਹਾਦਸੇ ‘ਚ ਮਾਰੇ ਗਏ ਫਿਲਮ ਅਦਾਕਾਰ ਦੀਪ ਸਿੱਧੂ ਦੀ ਮੌਤ ਨੂੰ ਇਕ ਸਾਲ ਹੋ ਜਾਵੇਗਾ। ਰੀਨਾ ਰਾਏ ਨੇ ਕਿਹਾ ਕਿ ਜਿਸ ਹਾਦਸੇ ਵਿੱਚ ਦੀਪ ਸਿੱਧੂ ਦੀ ਮੌਤ ਹੋਈ ਹੈ, ਉਸ ਵਿੱਚ ਕਿਸੇ ਕਿਸਮ ਦੀ ਕੋਈ ਸਾਜਿਸ਼ ਨਹੀਂ ਸੀ। ਦੀਪ ਸਿੱਧੂ ਦੇ ਪ੍ਰਸ਼ੰਸਕਾਂ ਨੂੰ ਹਾਦਸੇ ਪਿੱਛੇ ਸਾਜਿਸ਼ ਦਾ ਨਾਂ ਦੇ ਕੇ ਗੁੰਮਰਾਹ ਕੀਤਾ ਗਿਆ। ਦੀਪ ਉਸ ਸਮੇਂ ਗੱਡੀ ਚਲਾ ਰਿਹਾ ਸੀ। ਲੰਬੇ ਸਮੇਂ ਤੋਂ ਇਹ ਪ੍ਰਚਾਰ ਕੀਤਾ ਗਿਆ ਸੀ ਕਿ ਸਾਜਿਸ਼ ਦੀ ਜਾਂਚ ਕੀਤੀ ਜਾ ਰਹੀ ਹੈ, ਜਦਕਿ ਸੱਚਾਈ



ਇਹ ਹੈ ਕਿ ਕੋਈ ਜਾਂਚ ਨਹੀਂ ਹੋਈ। ਉਸ ਨੇ ਦੀਪ ਦੇ ਭਰਾ ਮਨਦੀਪ ਨੂੰ ਵੀ ਦੱਸਿਆ ਕਿ ਇਹ ਇਕ ਸਾਧਾਰਨ ਹਾਦਸਾ ਸੀ। ਰੀਨਾ ਰਾਏ ਨੇ ਕਈ ਖੁਲਾਸੇ ਕੀਤੇ ਹਨ। ਰੀਨਾ ਨੇ ਸੋਸ਼ਲ ਮੀਡੀਆ ‘ਤੇ ਵੀਡੀਓ ਪਾ ਕੇ ਦੀਪ ਸਿੱਧੂ ਦੀ ਪਤਨੀ ਅਤੇ ਪਰਿਵਾਰ ‘ਤੇ ਕਈ ਗੰਭੀਰ ਦੋਸ਼ ਲਗਾਏ ਹਨ।

ਰੀਨਾ ਰਾਏ ਨੇ ਦੱਸਿਆ ਕਿ ਉਸ ਦਾ ਦੀਪ ਸਿੱਧੂ ਨਾਲ 2018 ਤੋਂ ਸਬੰਧ ਸੀ। ਦੋਵਾਂ ਦਾ ਸਤੰਬਰ 2022 ਵਿੱਚ ਵਿਆਹ ਹੋਣਾ ਸੀ, ਪਰ ਸ਼ਾਇਦ ਰੱਬ ਨੂੰ ਇਹ ਮਨਜੂਰ ਨਹੀਂ ਸੀ। ਦੀਪ ਉਸਨੂੰ ਛੱਡ ਗਿਆ ਹੈ, ਪਰ ਉਹ ਹਮੇਸ਼ਾ ਉਸਦੇ ਦਿਲ ਵਿੱਚ ਰਹੇਗਾ, ਰੀਨਾ ਨੇ ਦੱਸਿਆ ਕਿ ਦੀਪ ਸਿੱਧੂ 2011 ਤੋਂ ਆਪਣੀ ਪਤਨੀ ਤੋਂ ਵੱਖ ਹੋ ਗਿਆ ਸੀ। ਉਨ੍ਹਾਂ ਦੀ ਪਤਨੀ ਰਾਂਚੀ ‘ਚ ਰਹਿੰਦੀ ਹੈ, ਜਦਕਿ ਦੀਪ ਸਿੱਧੂ ਮੁੰਬਈ ‘ਚ ਰਹਿੰਦਾ ਸੀ। ਸਾਲ 2019 ‘ਚ ਦੋਵਾਂ ਵਿਚਾਲੇ ਵੱਖ ਹੋਣ ਦਾ ਸਮਝੌਤਾ ਵੀ ਹੋਇਆ ਸੀ। ਦੋਵਾਂ ਦਾ ਤਲਾਕ ਦਾ ਕੇਸ ਅਦਾਲਤ ਵਿੱਚ ਚੱਲ ਰਿਹਾ ਸੀ ਅਤੇ ਜਿਸਦਾ ਫੈਸਲਾ ਆਉਣਾ ਬਾਕੀ ਸੀ। ਦੋਵਾਂ ਨੇ ਤੈਅ ਕੀਤਾ ਸੀ ਕਿ ਤਲਾਕ ਤੋਂ ਬਾਅਦ ਉਹ ਵਿਆਹ ਕਰਨਗੇ।

ਰੀਨਾ ਰਾਏ ਨੇ ਦੱਸਿਆ ਕਿ ਜਦੋਂ ਹਾਦਸਾ ਵਾਪਰਿਆ ਤਾਂ ਉਹ ਪਿਛਲੀ ਸੀਟ ‘ਤੇ ਸੌਂ ਰਹੀ ਸੀ। ਜਦੋਂ ਕਾਰ ਦੀ ਟੱਕਰ ਹੋਈ ਤਾਂ ਉਸ ਦੀ ਅੱਖ ਖੁੱਲ੍ਹ ਗਈ। ਹਾਦਸੇ ਤੋਂ ਬਾਅਦ ਦੋਵਾਂ ਨੂੰ ਹਸਪਤਾਲ ਲਿਆਂਦਾ ਗਿਆ। ਉੱਥੇ ਹੀ ਰੀਨਾ ਨੇ ਦੱਸਿਆ ਕਿ ਉਸ ਨੇ ਦੀਪ ਦੇ ਭਰਾ ਮਨਦੀਪ, ਦੋਸਤ ਸਿਮਰ ਅਤੇ ਡਰਾਈਵਰ ਟੋਨੀ ਨੂੰ ਪੁੱਛਿਆ ਕਿ ਦੀਪ ਕਿੱਥੇ ਹੈ, ਪਰ ਉਨ੍ਹਾਂ ਵਲੋਂ ਜਾਣਕਾਰੀ ਨਹੀਂ ਦਿੱਤੀ ਗਈ।







